ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵੱਲੋਂ ਜ਼ਿਲ੍ਹਾ ਪੱਧਰੀ ਕੁਇੱਜ ਮੁਕਾਬਲਿਆਂ ’ਚ ਜੇਤੂ ਰਹੀ ਟੀਮਾਂ ਨੂੰ ਕੀਤਾ ਗਿਆ ਸਨਮਾਨਿਤ

ਕੁਇੱਜ ਮੁਕਾਬਲਿਆਂ ਵਿੱਚ ਪੱਟੀ ਦੀ ਟੀਮ ਪਹਿਲੇ, ਖਡੂਰ ਸਾਹਿਬ ਦੀ ਦੂਜੇ ਅਤੇ ਤਰਨਤਾਰਨ ਦੀ ਟੀਮ ਰਹੇ ਤੀਜੇ ਸਥਾਨ ’ਤੇ

ਤਰਨਤਾਰਨ, 30 ਨਵੰਬਰ :

ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾ ਤਹਿਤ ਚੋਣ ਦਫ਼ਤਰ ਤਰਨਤਾਰਨ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪੱਧਰੀ ਕੁਇੱਜ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।







ਇਸ ਮੌਕੇ ਕੁਇੱਜ ਮੁਕਾਬਲੇ ਵਿੱਚ ਤਰਨਤਾਰਨ, ਖੇਮਕਰਨ, ਪੱਟੀ ਅਤੇ ਖਡੂਰ ਸਾਹਿਬ ਦੇ ਵਿਦਿਆਰਥੀਆਂ ਦੀ ਟੀਮਾਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਸ਼ਹੀਦ ਚੈਂਚਲ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਲੌਹੁਕਾ (ਪੱਟੀ) ਦੀ ਟੀਮ ਪਹਿਲੇ ਸਥਾਨ ’ਤੇ ਰਹੀ। ਖਡੂਰ ਸਾਹਿਬ ਦੀ ਟੀਮ ਦੂਜੇ ਅਤੇ ਤਰਨਤਾਰਨ ਦੀ ਟੀਮ ਤੀਜੇ ਸਥਾਨ ’ਤੇ ਰਹੀ।

ਕੁਇੱਜ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ ਨੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੁਇੱਜ ਮੁਕਾਬਲਿਆਂ ਦਾ ਮੁੱਖ ਮਨਰੋਥ ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ ਪ੍ਰਤੀ ਜਾਣੂ ਕਰਵਾਉਣਾ ਸੀ। ਇਸ ਮੌਕੇ ’ਤੇ ਚੋਣ ਤਹਿਸੀਲਦਾਰ ਸ੍ਰੀ ਅਤਿੰਦਰ ਕੁਮਾਰ ਵੀ ਮੌਜੂਦ ਸਨ।

--------------------------------